**ਮਾਲੀ ਗਉੜਾ ਮਹਲਾ ੫ ॥ ਇਹੀ ਹਮਾਰੈ ਸਫਲ ਕਾਜ ॥ ਅਪੁਨੇ ਦਾਸ ਕਉ ਲੇਹੁ ਨਿਵਾਜਿ ॥ ੧॥ ਰਹਾਉ ॥ ਚਰਨ ਸੰਤਹ ਮਾਥ ਮੋਰ ॥ ਨੈਨਿ ਦਰਸੁ ਪੇਖਉ ਨਿਸਿ ਭੋਰ ॥ ਹਸਤ ਹਮਰੇ ਸੰਤ ਟਹਲ ॥ ਪ੍ਰਾਨ ਮਨੁ ਧਨੁ ਸੰਤ ਬਹਲ ॥੧॥ ਸੰਤਸੰਗਿ ਮੇਰੇ ਮਨ ਕੀ ਪ੍ਰੀਤਿ ॥ ਸੰਤ ਗੁਨ ਬਸਹਿ ਮੇਰੈ ਚੀਤਿ ॥ ਸੰਤ ਆਗਿਆ ਮਨਹਿ ਮੀਠ ॥ ਮੇਰਾ ਕਮਲੁ ਬਿਗਸੈ ਸੰਤ ਡੀਠ ॥੨॥ ਸੰਤਸੰਗਿ ਮੇਰਾ ਹੋਇ ਨਿਵਾਸੁ ॥ ਸੰਤਨ ਕੀ ਮੋਹਿ ਬਹੁਤੁ ਪਿਆਸ ॥ ਸੰਤ ਬਚਨ ਮੇਰੇ ਮਨਹਿ ਮੰਤ ॥ ਸੰਤ ਪ੍ਰਸਾਦਿ ਮੇਰੇ ਬਿਖੈ ਹੰਤ ॥੩॥ ਮੁਕਤਿ ਜੁਗਤਿ ਏਹਾ ਨਿਧਾਨ ॥ ਪ੍ਰਭ ਦਇਆਲ ਮੋਹਿ ਦੇਵਹੁ ਦਾਨ ॥ ਨਾਨਕ ਕਉ ਪ੍ਰਭ ਦਇਆ ਧਾਰਿ ॥ ਚਰਨ ਸੰਤਨ ਕੇ ਮੇਰੇ ਰਿਦੇ ਮਝਾਰਿ ॥੪॥੪॥** {ਪੰਨਾ 987}

ਪਦਅਰਥ:- ਇਹੀ—ਇਹ ਹੀ, ਇਹ (ਸੰਤ-ਸਰਨ) ਹੀ। ਹਮਾਰੈ—ਮੇਰੇ ਵਾਸਤੇ, ਮੇਰੇ ਹਿਰਦੇ ਵਿਚ। ਸਫਲ—ਕਾਮਯਾਬ। ਕਾਜ—ਕੰਮ, ਮਨੋਰਥ। ਕਉ—ਨੂੰ। ਲੇਹੁ ਨਿਵਾਜਿ—ਨਿਵਾਜਿ ਲੇਹੁ, ਨਿਵਾਜ਼ਸ਼ ਕਰ, ਮਿਹਰ ਕਰ।1। ਰਹਾਉ।

ਸੰਤਹ—ਸੰਤਾਂ ਦੇ। ਮਾਥ ਮੋਰ—ਮੇਰਾ ਮੱਥਾ। ਨੈਨੀ—ਨੈਨੀਂ, ਅੱਖਾਂ ਨਾਲ। ਪੇਖਉ—ਪੇਖਉਂ, ਮੈਂ ਵੇਖਦਾ ਰਹਾਂ। ਨਿਸਿ—ਰਾਤ। ਭੋਰ—ਦਿਨ। ਹਸਤ—ਹੱਥ {ਬਹੁ-ਵਚਨ}। ਸੰਤ ਬਹਲ—ਸੰਤਾਂ ਦੀ ਟਹਿਲ, ਸੰਤਾਂ ਦੇ ਅਰਪਨ।1।

ਸੰਗਿ—ਨਾਲ। ਬਸਹਿ—ਵੱਸਦੇ ਰਹਿਣ। ਮੇਰੈ ਚੀਤਿ—ਮੇਰੇ ਚਿੱਤ ਵਿਚ। ਮਨਹਿ—ਮਨ ਵਿਚ। ਕਮਲੁ—ਹਿਰਦੇ ਦਾ ਕੌਲ ਫੁੱਲ। ਬਿਗਸੈ—ਖਿੜ ਪਏ।2।

ਨਿਵਾਸੁ—ਵਸੇਬਾ। ਮੋਹਿ—ਮੈਨੂੰ। ਪਿਆਸ—ਤਾਂਘ। ਮਨਹਿ—ਮਨ ਵਿਚ। ਮੰਤ—ਮੰਤਰ। ਪ੍ਰਸਾਦਿ—ਕਿਰਪਾ ਨਾਲ। ਬਿਖੈ—ਵਿਸ਼ੇ-ਵਿਕਾਰ। ਹੰਤ—ਨਾਸ ਹੋ ਜਾਣ।3।

ਮੁਕਤਿ ਜੁਗਤਿ—ਵਿਕਾਰਾਂ ਤੋਂ ਖ਼ਲਾਸੀ ਪਾਣ ਦਾ ਤਰੀਕਾ। ਨਿਧਾਨ—ਖ਼ਜ਼ਾਨੇ। ਪ੍ਰਭ—ਹੇ ਪ੍ਰਭੂ! ਮੋਹਿ—ਮੈਨੂੰ। ਰਿਦੇ ਮਝਾਰਿ—ਹਿਰਦੇ ਵਿਚ (ਵੱਸਦੇ ਰਹਿਣ)।4।

ਅਰਥ:- ਹੇ ਪ੍ਰਭੂ! ਆਪਣੇ ਦਾਸ (ਨਾਨਕ) ਉਤੇ ਮਿਹਰ ਕਰ (ਤੇ ਸੰਤ ਜਨਾਂ ਦੀ ਸਰਨ ਬਖ਼ਸ਼), ਇਹ (ਸੰਤ-ਸਰਨ) ਹੀ ਮੇਰੇ ਵਾਸਤੇ ਮੇਰੇ ਮਨੋਰਥਾਂ ਨੂੰ ਸਫਲ ਕਰਨ ਵਾਲੀ ਹੈ।1। ਰਹਾਉ।

(ਹੇ ਪ੍ਰਭੂ! ਮਿਹਰ ਕਰ) ਮੇਰਾ ਮੱਥਾ ਸੰਤਾਂ ਦੇ ਚਰਨਾਂ ਉਤੇ (ਪਿਆ ਰਹੇ), ਅੱਖਾਂ ਨਾਲ ਮੈਂ ਦਿਨ ਰਾਤ ਸੰਤਾਂ ਦਾ ਦਰਸ਼ਨ ਕਰਦਾ ਰਹਾਂ, ਮੇਰੇ ਹੱਥ ਸੰਤਾਂ ਦੀ ਟਹਿਲ ਕਰਦੇ ਰਹਿਣ, ਮੇਰੀ ਜਿੰਦ ਮੇਰਾ ਮਨ ਮੇਰਾ ਧਨ ਸੰਤਾਂ ਦੇ ਅਰਪਨ ਰਹੇ।1।

(ਹੇ ਪ੍ਰਭੂ!) ਮਿਹਰ ਕਰ) ਸੰਤਾਂ ਨਾਲ ਮੇਰੇ ਮਨ ਦਾ ਪਿਆਰ ਬਣਿਆ ਰਹੇ, ਸੰਤਾਂ ਦੇ ਗੁਣ ਮੇਰੇ ਚਿੱਤ ਵਿਚ ਵੱਸੇ ਰਹਿਣ, ਸੰਤਾਂ ਦਾ ਹੁਕਮ ਮੈਨੂੰ ਮਿੱਠਾ ਲੱਗੇ, ਸੰਤਾਂ ਨੂੰ ਵੇਖ ਕੇ ਮੇਰਾ ਹਿਰਦਾ-ਕੰਵਲ ਖਿੜਿਆ ਰਹੇ।2।

(ਹੇ ਪ੍ਰਭੂ! ਮਿਹਰ ਕਰ) ਸੰਤਾਂ ਨਾਲ ਮੇਰਾ ਬਹਿਣ-ਖਲੋਣ ਬਣਿਆ ਰਹੇ, ਸੰਤਾਂ ਦੇ ਦਰਸ਼ਨ ਦੀ ਤਾਂਘ ਮੇਰੇ ਅੰਦਰ ਟਿਕੀ ਰਹੇ, ਸੰਤਾਂ ਦੇ ਬਚਨ-ਮੰਤ੍ਰ ਮੇਰੇ ਮਨ ਵਿਚ ਟਿਕੇ ਰਹਿਣ, ਸੰਤਾਂ ਦੀ ਕਿਰਪਾ ਨਾਲ ਮੇਰੇ ਸਾਰੇ ਵਿਕਾਰ ਨਾਸ ਹੋ ਜਾਣ।3।

ਹੇ ਦਇਆ ਦੇ ਘਰ ਪ੍ਰਭੂ! ਮੈਨੂੰ (ਸੰਤ ਜਨਾਂ ਦੀ ਸੰਗਤਿ ਦਾ) ਦਾਨ ਦੇਹ, ਸੰਤਾਂ ਦੀ ਸੰਗਤਿ ਹੀ ਮੇਰੇ ਵਾਸਤੇ ਸਾਰੇ ਖ਼ਜ਼ਾਨੇ ਹਨ, ਸੰਤਾਂ ਦਾ ਸੰਗ ਕਰਨਾ ਹੀ ਵਿਕਾਰਾਂ ਤੋਂ ਮੁਕਤੀ ਪ੍ਰਾਪਤ ਕਰਨ ਦਾ ਤਰੀਕਾ ਹੈ। ਹੇ ਪ੍ਰਭੂ! ਨਾਨਕ ਉੱਤੇ ਦਇਆ ਕਰ ਕਿ ਸੰਤਾਂ ਦੇ ਚਰਨ ਮੈਂ ਨਾਨਕ ਦੇ ਹਿਰਦੇ ਵਿਚ ਵੱਸੇ ਰਹਿਣ।4। 4।